# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 14-08-202**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ 79ਵੇਂ ਆਜ਼ਾਦੀ ਦਿਵਸ ਤੋਂ ਇਕ ਸ਼ਾਮ ਪਹਿਲਾਂ ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਿੱਲੀ ਦੇ ਪ੍ਰਸਿੱਧ ਲਾਲ ਕਿਲ੍ਹੇ ਤੋਂ ਕੱਲ ਆਜ਼ਾਦੀ ਦਿਵਸ ਦੀ ਰਹਿਨੁਮਾਈ ਕਰਨਗੇ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੱਲ ਆਜਾਦੀ ਦਿਹਾੜੇ ਮੌਕੇ ਫਰੀਦਕੋਟ ਵਿਖੇ ਹੋਣ ਵਾਲੇ ਸੂਬਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣਗੇ।
- ਫੌਜ ਮੁਖੀ, ਜਨਰਲ ਉਪੇਂਦਰ ਦਿਵੇਦੀ ਨੇ ਅੱਜ ਬਠਿੰਡਾ ਫੌਜੀ ਛਾਉਣੀ ਦਾ ਦੌਰਾ ਕਰਦਿਆਂ ਮੌਜੂਦਾ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ।
- ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਪੰਜਾਬ ਵਿੱਚ ਸੁਰੱਖਿਆ ਵਧਾਈ ਗਈ- ਪੰਜਾਬ ਪੁਲਿਸ ਮੁੱਖੀ ਵਲੋਂ ਸਾਰੀਆਂ ਫੀਲਡ ਯੂਨਿਟਾਂ ਨੂੰ ਹਾਈ ਅਲਰਟ 'ਤੇ ਰਹਿਣ ਦੇ ਨਿਰਦੇਸ਼।

- ਕੇਂਦਰੀ ਗ੍ਰਿਹ ਮੰਤਰਾਲੇ ਵੱਲੋਂ ਪੁਰਸਕਾਰਾਂ ਲਈ, ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਵਾਂ ਦਾ ਐਲਾਨ - ਪੰਜਾਬ ਪੁਲਿਸ ਮੁੱਖੀ ਨੇ ਪੁਰਸਕਾਰ ਜੇਤੂਆਂ ਨੂੰ ਦਿੱਤੀ ਵਧਾਈ।

  ਅਤੇ

- ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਵੱਧਣ ਨਾਲ ਕਪੂਰਥਲਾ ਦੇ ਮੰਡ ਖੇਤਰ ਵਿਚ ਕਈ ਪਿੰਡ ਪ੍ਰਭਾਵਿਤ - ਹੋਸ਼ਿਆਰਪੁਰ ਵਿਚ ਵੀ ਪ੍ਰਸ਼ਾਸਨ ਚੌਕਸ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ 79ਵੇਂ ਆਜ਼ਾਦੀ ਦਿਵਸ ਤੋਂ ਇਕ ਸ਼ਾਮ ਪਹਿਲਾਂ ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ। ਇਹ ਸੰਬੋਧਨ ਹੁਣ ਤੋਂ ਥੋੜੀ ਦੇਰ ਬਾਅਦ ਸ਼ਾਮ 7 ਵਜੇ ਆਕਾਸ਼ਵਾਣੀ ਦੇ ਪੂਰੇ ਰਾਸ਼ਟਰੀ ਨੈੱਟਵਰਕ 'ਤੇ ਪ੍ਰਸਾਰਿਤ ਕੀਤਾ ਜਾਵੇਗਾ। ਰਾਸ਼ਟਰਪਤੀ ਦਾ ਭਾਸ਼ਣ ਸਾਰੇ ਦੂਰਦਰਸ਼ਨ ਚੈਨਲਾਂ 'ਤੇ ਹਿੰਦੀ ਅਤੇ ਫਿਰ ਅੰਗਰੇਜ਼ੀ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ। ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ ਦੇ ਪ੍ਰਸਾਰਣ ਤੋਂ ਬਾਅਦ, ਇਸਨੂੰ ਦੂਰਦਰਸ਼ਨ ਦੇ ਖੇਤਰੀ ਚੈਨਲਾਂ ਵਲੋਂ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ। ਆਕਾਸ਼ਵਾਣੀ ਆਪਣੇ ਸੰਬਧਤ ਖੇਤਰੀ ਨੈੱਟਵਰਕ 'ਤੇ ਰਾਤ ਸਾਢੇ 9

ਵਜੇ ਖੇਤਰੀ ਭਾਸ਼ਾਵਾਂ ਵਿੱਚ ਸੰਬੋਧਨ  ਦਾ ਰੂਪਾਂਤਰ ਪ੍ਰਸਾਰਿਤ ਕਰੇਗਾ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਰਾਸ਼ਟਰ ਨੂੰ ਸੰਬੋਧਨ ਦੇ ਮੱਦੇਨਜ਼ਰ ਆਕਾਸ਼ਵਾਣੀ ਦੇ ਖੇਤਰੀ ਭਾਸ਼ਾਵਾਂ ਦੇ ਬੁਲੇਟਿਨਾਂ ਦੇ ਸਮੇਂ ਵਿਚ ਤਬਦੀਲੀ ਕੀਤੀ ਗਈ ਏ। ਜਲੰਧਰ ਤੋਂ ਸ਼ਾਮ 7 ਵੱਜਕੇ 30 ਮਿੰਟ ਤੇ ਪ੍ਰਸਾਰਿਤ ਹੋਣ ਵਾਲਾ ਬੁਲੇਟਿਨ ਅੱਜ 7 ਵੱਜਕੇ 50 ਮਿੰਟ ਤੇ ਪ੍ਰਸਾਰਿਤ ਕੀਤਾ ਜਾਵੇਗਾ।

---------------------------------------------------------------

ਦੇਸ਼ ਕੱਲ ਆਪਣਾ 79ਵਾਂ ਆਜ਼ਾਦੀ ਦਿਵਸ ਮਨਾਏਗਾ, ਜਿਸਦੀ ਪ੍ਰਧਾਨਗੀ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਿੱਲੀ ਦੇ ਪ੍ਰਸਿੱਧ ਲਾਲ ਕਿਲ੍ਹੇ ਤੋਂ ਕਰਨਗੇ। ਪ੍ਰਧਾਨ ਮੰਤਰੀ ਇਸ ਇਤਿਹਾਸਕ ਸਮਾਰਕ ਦੀ ਫ਼ਸੀਲ ਤੋਂ ਰਾਸ਼ਟਰੀ ਝੰਡਾ ਲਹਿਰਾਉਣਗੇ ਅਤੇ ਰਾਸ਼ਟਰ ਨੂੰ ਸੰਬੋਧਨ ਕਰਨਗੇ। ਦੇਸ਼ ਸਾਲ 2047 ਤੱਕ ਇੱਕ ਵਿਕਸਤ ਭਾਰਤ ਦੇ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵੱਲ ਤੇਜ਼ੀ ਨਾਲ ਵਧ ਰਿਹਾ ਏ , ਇਸ ਸਾਲ ਦੇ ਜਸ਼ਨਾਂ ਦਾ ਵਿਸ਼ਾ "ਨਵਾਂ ਭਾਰਤ" ਰੱਖਿਆ ਗਿਆ ਏ। ਇਸ ਸਾਲ, ਆਪ੍ਰੇਸ਼ਨ ਸਿੰਦੂਰ ਦੀ ਸਫਲਤਾ ਦਾ ਜਸ਼ਨ ਆਜ਼ਾਦੀ ਦਿਵਸ ਦੇ ਜਸ਼ਨਾਂ ਦੌਰਾਨ ਮਨਾਇਆ ਜਾਵੇਗਾ।  ਇਸ ਸਾਲ, ਲਾਲ ਕਿਲ੍ਹੇ 'ਤੇ ਹੋਣ ਵਾਲੇ ਸਮਾਰੋਹ ਨੂੰ ਦੇਖਣ ਲਈ ਵੱਖ-ਵੱਖ ਖੇਤਰਾਂ ਦੇ ਲਗਭਗ 5

ਹਜ਼ਾਰ ਵਿਸ਼ੇਸ਼ ਮਹਿਮਾਨਾਂ ਨੂੰ ਸੱਦਾ ਦਿੱਤਾ ਗਿਆ ਏ। ਨਾਗਰਿਕਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਅਤੇ ਆਪ੍ਰੇਸ਼ਨ ਸਿੰਦੂਰ ਦੀ ਜਿੱਤ ਦਾ ਜਸ਼ਨ ਮਨਾਉਣ ਲਈ ਦੇਸ਼ ਭਰ ਵਿੱਚ 140 ਤੋਂ ਵੱਧ ਪ੍ਰਮੁੱਖ ਥਾਵਾਂ 'ਤੇ ਫੌਜ, ਸਮੁੰਦਰੀ ਫੌਜ, ਹਵਾਈ ਫੌਜ , ਭਾਰਤੀ ਤੱਟ ਰੱਖਿਅਕ, ਐਨ.ਸੀ.ਸੀ, ਸੀ.ਆਰ.ਪੀ.ਐਫ, ਆਈ.ਟੀ.ਬੀ.ਪੀ, CISF , SSB , BSF IDS, RPF ਅਤੇ ਅਸਾਮ ਰਾਈਫਲਜ਼ ਦੇ ਬੈਂਡ ਵਲੋਂ ਪੇਸ਼ਕਾਰੀਆਂ ਕੀਤੀਆਂ ਜਾਣਗੀਆਂ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੱਲ ਆਜਾਦੀ ਦਿਹਾੜੇ ਮੌਕੇ ਫਰੀਦਕੋਟ ਵਿਖੇ ਹੋਣ ਵਾਲੇ ਸੂਬਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣਗੇ । ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਫਿਰੋਜਪੁਰ ਵਿਖੇ, ਡਿਪਟੀ ਸਪੀਕਰ ਜੈ ਕਿਸਨ ਰੋੜੀ ਫਾਜ਼ਿਲਕਾ , ਵਿੱਤ ਮੰਤਰੀ ਹਰਪਾਲ ਚੀਮਾ ਰੂਪਨਗਰ , ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਅਮਨ ਅਰੋੜਾ ਲੁਧਿਆਣਾ , ਸਮਾਜਿਕ ਨਿਆਂ ਮੰਤਰੀ ਡਾ. ਬਲਜੀਤ ਕੌਰ ਐਸ.ਬੀ.ਐਸ. ਨਗਰ , ਉਦਯੋਗ ਮੰਤਰੀ ਸੰਜੀਵ ਅਰੋੜਾ ਸੰਗਰੂਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅੰਮ੍ਰਿਤਸਰ ਵਿਖੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਨਗੇ ।

ਇਸੇ ਤਰਾਂ ਸਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਗੁਰਦਾਸਪੁਰ , ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਤਰਨ ਤਾਰਨ , ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਮਾਨਸਾ , ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਮੋਗਾ ਚ , ਖਣਨ ਮੰਤਰੀ ਬਰਿੰਦਰ ਗੋਇਲ ਬਠਿੰਡਾ ਚ , ਪੇਂਡੂ ਵਿਕਾਸ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਜਲੰਧਰ ਚ , ਸਥਾਨਕ ਸਰਕਾਰਾਂ ਮੰਤਰੀ ਰਵਜੋਤ ਸਿੰਘ ਪਠਾਨਕੋਟ ਵਿਖੇ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਐਸ.ਏ.ਐਸ. ਨਗਰ ਚ , ਬਾਗਬਾਨੀ ਮੰਤਰੀ ਮੋਹਿੰਦਰ ਭਗਤ ਹਸ਼ਿਆਰਪੁਰ ਵਿਖੇ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਪਟਿਆਲਾ ਵਿਖੇ ਕੌਮੀ ਝੰਡਾ ਲਹਿਰਾਉਣਗੇ ।

---------------------------------------------------------------

ਫੌਜ ਮੁਖੀ, ਜਨਰਲ ਉਪੇਂਦਰ ਦਿਵੇਦੀ ਨੇ ਅੱਜ ਬਠਿੰਡਾ ਫੌਜੀ ਛਾਉਣੀ ਦਾ ਦੌਰਾ ਕੀਤਾ । ਉਹ ਮੌਜੂਦਾ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਨ ਅਤੇ ਚੇਤਕ ਕੋਰ ਦੀ ਸੰਚਾਲਨ ਤਿਆਰੀ ਦਾ ਮੁਲਾਂਕਣ ਕਰਨ ਲਈ ਪਹੁੰਚੇ ਹੋਏ ਸਨ । ਉਨ੍ਹਾਂ ਨੂੰ ਕੋਰ ਦੇ ਜਨਰਲ ਅਫਸਰ ਕਮਾਂਡਿੰਗ ਨੇ ਸੈਕਟਰ ਵਿੱਚ ਤਾਇਨਾਤ ਯੂਨਿਟਾਂ ਅਤੇ ਫਾਰਮੇਸ਼ਨਾਂ ਦੀ ਸੰਚਾਲਨ ਤਿਆਰੀ ਬਾਰੇ ਜਾਣਕਾਰੀ ਦਿੱਤੀ। ਅਤਿ-ਆਧੁਨਿਕ ਤਕਨਾਲੋਜੀਆਂ ਨੂੰ ਸ਼ਾਮਲ ਕਰਨ ਵਾਲੇ ਉਪਕਰਣਾਂ ਦੇ ਪ੍ਰਦਰਸ਼ਨ ਨੂੰ ਦੇਖਦੇ ਹੋਏ, ਜਨਰਲ

ਦਿਵੇਦੀ ਨੇ ਤਕਨਾਲੋਜੀ ਨਾਲ ਜੁੜੇ ਰਹਿਣ ਦੀ ਮਹੱਤਤਾ ਨੂੰ ਉਜਾਗਰ ਕੀਤਾ ਅਤੇ ਸਾਰੇ ਰੈਂਕਾਂ ਦੇ ਅਧਿਕਾਰੀਆਂ ਨੂੰ ਨਿਰੰਤਰ ਸੰਚਾਲਨ ਚੌਕਸੀ ਬਣਾਈ ਰੱਖਣ ਦੀ ਅਪੀਲ ਕੀਤੀ। ਜਨਰਲ ਨੇ ਰਾਸ਼ਟਰੀ ਸੁਰੱਖਿਆ ਲਈ ਮਜ਼ਬੂਤ ਸਰਹੱਦੀ ਪ੍ਰਬੰਧਨ ਨੂੰ ਯਕੀਨੀ ਬਣਾਉਣ ਵਿੱਚ ਭਾਰਤੀ ਫੌਜ ਅਤੇ ਸੀਮਾ ਸੁਰੱਖਿਆ ਬਲ ਵਿਚਕਾਰ ਨਿਰਵਿਘਨ ਤਾਲਮੇਲ ਦੀ ਸ਼ਲਾਘਾ ਵੀ ਕੀਤੀ। -

---------------------------------------------------------

ਆਜ਼ਾਦੀ ਦਿਵਸ ਦੇ ਜਸ਼ਨਾਂ ਨੂੰ ਸ਼ਾਂਤੀਪੂਰਨ ਢੰਗ ਨਾਲ ਮਨਾਉਣ ਲਈ ਪੰਜਾਬ ਵਿੱਚ ਸੁਰੱਖਿਆ ਵਧਾਈ ਗਈ ਏ ਅਤੇ ਸਾਰੀਆਂ ਫੀਲਡ ਯੂਨਿਟਾਂ ਨੂੰ ਹਾਈ ਅਲਰਟ 'ਤੇ ਰਹਿਣ ਦੇ ਨਿਰਦੇਸ਼ ਦਿੱਤੇ ਗਏ ਨੇ । ਸੂਬੇ ਭਰ ਵਿੱਚ 1500 ਕਰਮਚਾਰੀਆਂ ਵਾਲੇ ਲਗਭਗ 250 ਪੁਲਿਸ ਬਲ ਕਿਸੇ ਵੀ ਸਥਿਤੀ ਨਾਲ ਨਜਿੱਠਣ ਤਾਇਨਾਤ ਕੀਤੇ ਗਏ ਨੇ । ਇਹ ਯਕੀਨੀ ਬਣਾਇਆ ਜਾ ਰਿਹਾ ਏ ਕਿ ਆਮ ਲੋਕਾਂ ਨੂੰ ਘੱਟੋ-ਘੱਟ ਅਸੁਵਿਧਾ ਹੋਵੇ । ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਹਾਲ ਹੀ ਵਿੱਚ ਮੌਜੂਦਾ ਸੁਰੱਖਿਆ 'ਤੇ ਜ਼ਿਲ੍ਹਾ ਮੁਖੀਆਂ ਨਾਲ ਇੱਕ ਮੀਟਿੰਗ ਕੀਤੀ। ਉਨ੍ਹਾਂ ਨੇ ਦਹਿਸ਼ਤਗਰਦੀ ਵਿਰੋਧੀ ਰਣਨੀਤੀ ਦੀ ਸਮੀਖਿਆ ਕੀਤੀ ਅਤੇ ਸੂਬੇ ਵਿੱਚ ਕਾਨੂੰਨ ਵਿਵਸਥਾ ਨੂੰ ਭੰਗ ਹੋਣ ਤੋਂ ਰੋਕਣ ਲਈ ਅੰਤਰ-ਜ਼ਿਲ੍ਹਾ ਤਾਲਮੇਲ, ਉੱਚ ਨਿਗਰਾਨੀ ਵਾਲੀਆਂ ਚੌਕੀਆਂ ਅਤੇ ਚੌਵੀ ਘੰਟੇ ਚੌਕਸ

ਰਹਿਣ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਦੌਰਾਨ ਜਲੰਧਰ ਕਮਿਸ਼ਨਰੇਟ ਪੁਲਿਸ ਵੱਲੋਂ ਰੇਲਵੇ ਦੇ ਵਿਸ਼ੇਸ਼ ਡੀ.ਜੀ.ਪੀ. ਸ਼ਸ਼ੀ ਪ੍ਰਭਾ ਦਿਵੇਦੀ ਦੀ ਅਗਵਾਈ ਹੇਠ ਸਿਟੀ ਰੇਲਵੇ ਸਟੇਸ਼ਨ ਅਤੇ ਕੈਂਟ ਰੇਲਵੇ ਸਟੇਸ਼ਨ ’ਤੇ ਵਿਸ਼ੇਸ਼ ਘੇਰਾਬੰਦੀ ਅਤੇ ਸਰਚ ਆਪ੍ਰੇਸ਼ਨ (ਕਾਸੋ) ਚਲਾਇਆ ਗਿਆ। ਸੁਰੱਖਿਆ ਜਾਂਚ ਦੌਰਾਨ ਸੀ.ਸੀ.ਟੀ.ਵੀ. ਕੈਮਰਿਆਂ ਦੀ ਜਾਂਚ, ਸ਼ੱਕੀ ਵਿਅਕਤੀਆਂ ਦੀ ਪਛਾਣ ਤੇ ਪੁੱਛਗਿੱਛ ਅਤੇ ਉਨ੍ਹਾਂ ਦੇ ਸਾਮਾਨ ਦੀ ਪੂਰੀ ਤਲਾਸ਼ੀ ਲਈ ਗਈ। ਵਿਸ਼ੇਸ਼ ਡੀ.ਜੀ.ਪੀ. ਨੇ ਸ਼ੱਕੀ ਵਿਅਕਤੀਆਂ ਅਤੇ ਵਸਤਾਂ ਦੀ ਸਖ਼ਤ ਸਕ੍ਰੀਨਿੰਗ ਕਰਨ ’ਤੇ ਜ਼ੋਰ ਦਿੰਦਿਆਂ ਤਾਇਨਾਤ ਟੀਮਾਂ ਨੂੰ ਚੌਵੀ ਘੰਟੇ ਚੌਕਸੀ ਬਰਕਰਾਰ ਰੱਖਣ ਦੇ ਨਿਰਦੇਸ਼ ਦਿੱਤੇ।

-----------------------------------------------------

ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਕੇਂਦਰੀ ਗ੍ਰਹਿ ਮੰਤਰਾਲੇ ਨੇ ਆਜ਼ਾਦੀ ਦਿਹਾੜੇ ਦੀ ਪੂਰਵ ਸੰਧਿਆ 'ਤੇ ਪੰਜਾਬ ਪੁਲਿਸ ਦੇ ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਦੇ ਨਾਵਾਂ ਦਾ ਐਲਾਨ ਕੀਤਾ ਏ , ਜਿਨ੍ਹਾਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਅਤੇ ਬੇਮਿਸਾਲ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਪੰਜਾਬ ਪੁਲਿਸ ਦੇ ਬੁਲਾਰੇ ਨੇ ਦੱਸਿਆ ਕਿ ਸੂਬਾ ਹਥਿਆਰਬੰਦ ਪੁਲਿਸ ਦੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ, ਐਮ.ਐਫ. ਫਾਰੂਕੀ

ਅਤੇ ਲੁਧਿਆਣਾ ਕਾਊਂਟਰ ਇੰਟੈਲੀਜੈਂਸ, ਦੇ ਇੰਸਪੈਕਟਰ ਸੁਰੇਸ਼ ਕੁਮਾਰ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸੇ ਤਰ੍ਹਾਂ 14 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਬੇਮਿਸਾਲ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਪੰਜਾਬ ਪੁਲਿਸ ਮੁੱਖੀ ਗੌਰਵ ਯਾਦਵ ਨੇ ਪੁਰਸਕਾਰ ਜੇਤੂਆਂ ਨੂੰ ਵਧਾਈ ਦਿੰਦਿਆਂ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ। ਓਧਰ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਵਲੋਂ ਚੰਡੀਗੜ੍ਹ ਦੇ ਸਬ ਇੰਸਪੈਕਟਰ ਰਾਜਿੰਦਰ ਕੁਮਾਰ ਅਤੇ ਹੈਡ ਕਾਂਸਟੇਬਲ ਵਿਕਰਮ ਨੂੰ, ਵਿਲੱਖਣ ਸੇਵਾਵਾਂ ਲਈ ਰਾਸ਼ਟਰਪਤੀ ਮੈਡਲ ਨਾਲ 18 ਹੋਰ ਪੁਲਿਸ ਮੁਲਾਜ਼ਮਾਂ ਨੂੰ ਉਨਾ ਦੀਆਂ ਬੇਮਿਸਾਲ ਸ਼ਾਵਾ ਵਾਸਤੇ ਸਨਮਾਨਿਤ ਕੀਤਾ ਜਾਵੇਗਾ

----------------------------------------------------------

ਪੰਜਾਬ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਇੱਕ ਵੱਡੀ ਦਹਿਸ਼ਤਗਰਦੀ ਸਾਜ਼ਿਸ਼ ਨੂੰ ਸਫਲਤਾਪੂਰਵਕ ਨਾਕਾਮ ਕਰ ਦਿੱਤਾ ਏ । ਪੁਲਿਸ ਨੇ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ, ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹੈਂਡ ਗ੍ਰਨੇਡ ,ਇੱਕ ਪਿਸਤੌਲ ਅਤੇ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ ।

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਸ ਬਾਰੇ ਕਿਹਾ ।

BYTE:

-------------------------------------------------------

ਆਜ਼ਾਦੀ ਦਿਵਸ ਮਨਾਉਣ ਲਈ, ਹਰ ਘਰ ਤਿਰੰਗਾ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਸਮੇਤ ਦੇਸ਼ ਭਰ ਵਿਚ ਵੱਖ-ਵੱਖ ਪ੍ਰੋਗਰਾਮ ਕੀਤੇ ਜਾ ਰਹੇ ਨੇ । ਫਾਜ਼ਿਲਕਾ ਤੋਂ ਸਾਦਕੀ ਬਾਰਡਰ ਤੱਕ ਅੱਜ ਇਕ ਯਾਦਗਾਰੀ ਸਰਹੱਦੀ ਤਿਰੰਗਾ ਯਾਤਰਾ ਕੱਢੀ ਗਈ ਜਿਸ ਵਿਚ ਲੋਕਾਂ ਨੇ ਦੇਸ਼ ਭਗਤੀ ਦੀ ਭਾਵਨਾ ਤੇ ਉਤਸਾਹ ਨਾਲ ਭਾਗ ਲਿਆ । ਇਹ ਯਾਤਰਾ ਡਿਪਟੀ ਕਮਿਸ਼ਨਰ ਦਫ਼ਤਰ ਤੋਂ ਸ਼ੁਰੂ ਹੋਈ ਅਤੇ ਤਿਰੰਗੇ ਲਹਿਰਾਉਂਦੇ ਲੋਕ ਪੈਦਲ ਚੱਲ ਕੇ ਘੰਟਾ ਘਰ ਚੌਕ ਪਹੁੰਚੇ । ਫਿਰ ਇਹ ਯਾਤਰਾ ਸਾਦਕੀ ਚੌਕੀ ਲਈ ਰਵਾਨਾ ਹੋਈ। ਸਾਦਕੀ ਚੌਕੀ ਵਿਖੇ ਲੱਗਣ ਜਾ ਰਹੇ 200 ਫੁੱਟ ਉੱਚੇ ਤਿਰੰਗੇ ਨੂੰ ਲਿਜਾ ਕੇ ਬੀ.ਐਸ.ਐਫ ਦੇ ਅਧਿਕਾਰੀਆਂ ਨੂੰ ਸੌਂਪਿਆਂ ਗਿਆ ਏ । ਕੇਂਦਰੀ ਸੰਚਾਰ ਬਿਊਰੋ ਚੰਡੀਗੜ੍ਹ ਦੇ ਡਰਾਮਾ ਗਰੁੱਪ ਨੇ ਚੰਡੀਗੜ੍ਹ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੇ ਸਹਿਯੋਗ ਨਾਲ ਆਜ਼ਾਦੀ ਦਿਵਸ ਸਮਾਰੋਹ - "ਹਰ ਘਰ ਤਿਰੰਗਾ" ਪੇਸ਼ ਕੀਤਾ । ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪ੍ਰੇਰਨਾਦਾਇਕ ਪੇਸ਼ਕਾਰੀਆਂ ਦਾ ਆਨੰਦ ਮਾਣਿਆ ਅਤੇ ਭਾਰਤ ਦੇ ਬਹਾਦਰ ਆਜ਼ਾਦੀ ਘੁਲਾਟੀਆਂ ਨੂੰ

ਦਿਲੋਂ ਸ਼ਰਧਾਂਜਲੀ ਭੇਟ ਕੀਤੀ।

---------------------------------------------------------

ਨਸ਼ਿਆਂ ਵਿਰੋਧੀ ਕਾਰਜ ਬਲ ਅਤੇ ਕਪੂਰਥਲਾ ਪੁਲਿਸ ਸਾਂਝੇ ਅਪ੍ਰੇਸ਼ਨ ਤਹਿਤ ਵਿੱਚ ਪਿੰਡ ਸੈਣਚਾਂ ਦੇ  ਦੇ ਤਸਕਰ ਗੁਰਨਾਮ ਸਿੰਘ ਨੂੰ ਕਾਬੂ ਕੀਤਾ ਏ ।ਪੁਲਿਸ ਸੂਤਰਾਂ ਨੇ ਦਸਿਆ ਏ ਕਿ ਤਸਕਰ ਖਿਲਾਫ NDPS ਐਕਟ ਤਹਿਤ ਤਿੰਨ ਮਾਮਲੇ ਦਰਜ ਸਨ ਅਤੇ ਉਹ ਨਸ਼ਿਆਂ ਦੀ ਤਸਕਰੀ ਵਿੱਚ  ਸ਼ਾਮਲ ਸੀ। ਇਸ ਨਾਲ ਇਲਾਕੇ ਵਿੱਚ ਨਸ਼ਿਆਂ ਦੀ ਤਸਕਰੀ ਦੀ ਲੜੀ ਨੂੰ ਤੋੜਨ ਵਿੱਚ ਮਦਦ ਮਿਲੇਗੀ। ਮੁਲਜ਼ਮ ਨੂੰ ਕੇਂਦਰੀ ਜੇਲ੍ਹ ਬਠਿੰਡਾ ਭੇਜਿਆ ਗਿਆ ਏ ।

---------------------------------------------------------

ਹਿਮਾਚਲ ਪ੍ਰਦੇਸ਼ ਵਿੱਚ ਕਈ ਥਾਵਾਂ ਤੇ ਪੈ ਰਹੇ ਨਿਰੰਤਰ ਮੀਂਹ ਅਤੇ ਬੱਦਲ ਫਟਣ ਵਰਗੀਆਂ ਘਟਨਾਵਾਂ ਦਾ ਅਸਰ ਪੰਜਾਬ ਦੇ ਕਈ ਜਿਲ੍ਹਿਆਂ 'ਤੇ ਵੀ ਪੈਂਦਾ ਨਜ਼ਰ ਆ ਰਿਹਾ ਏ । ਪਹਾੜਾਂ ਤੋਂ ਆਉਂਦੇ ਪਾਣੀ ਕਾਰਨ ਬਿਆਸ ਨਦੀ ਦਾ ਵਹਾਅ ਵੱਧ  ਗਿਆ ਏ ਜਿਸ ਕਾਰਨ ਕਪੂਰਥਲਾ, ਹੁਸ਼ਿਆਰਪੁਰ, ਗੁਰਦਾਸਪੁਰ ਸਮੇਤ ਸੂਬੇ ਭਰ ਵਿੱਚ ਚੌਕਸੀ ਰੱਖੀ ਜਾ ਰਹੀ ਏ । ਵੇਰਵੇ ਨਾਲ ਇਕ ਰਿਪੋਰਟ । *ਕਪੂਰਥਲਾ ਵਿੱਚ ਸੁਲਤਾਨਪੁਰ ਲੋਧੀ ਹਲਕੇ ਦੇ ਕੁਝ ਪਿੰਡਾਂ ਵਿੱਚ ਬਿਆਸ ਦਰਿਆ ਦਾ ਪਾਣੀ ਵਧਣ ਕਾਰਨ ਪੈਦਾ ਹੋਏ ਹਾਲਾਤ ਨੂੰ*

ਵੇਖਦਿਆਂ ਸੂਬਾ ਆਫ਼ਤ ਰਾਹਤ ਬਲ SDRF ਲੋਕਾਂ ਨੂੰ ਕਿਸ਼ਤੀਆਂ ਰਾਹੀਂ ਸੁਰੱਖਿਤ ਥਾਵਾਂ ਤੇ ਪਹੁੰਚਾਇਆ ਰਿਹਾ ਏ । ਡਿਪਟੀ ਕਮਿਸ਼ਨਰ ਅਮਿਤ ਕੁਮਾਰ ਨੇ, ਪੰਜਾਬ ਨੇ ਨੀਵੇਂ ਖੇਤਰਾਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਤੁਰੰਤ ਰਾਹਤ ਕੈਂਪਾਂ ਵਿੱਚ ਪੁੱਜਣ ਦੀ ਅਪੀਲ ਕੀਤੀ ਏ । ਉਹਨਾਂ ਦੱਸਿਆ ਕਿ ਸੁੱਕੇ ਰਾਸ਼ਨ ਦੀ ਵੰਡ ਪਸ਼ੂਆਂ ਲਈ ਚਾਰਾ ਤੇ ਪੀਣ ਵਾਲਾ ਪਾਣੀ ਵੀ ਲੋੜਵੰਦਾਂ ਦੇ ਘਰਾਂ ਤੱਕ ਕਿਸ਼ਤੀਆਂ ਰਾਹੀ ਪਹੁੰਚਾਇਆ ਜਾ ਰਿਹਾ ਏ । ਪਾਣੀ ਦੇ ਵਧਦੇ ਪੱਧਰ ਕਾਰਨ ਪ੍ਰਭਾਵਿਤ ਪਿੰਡਾਂ ਸਾਗਰਾ, ਰਾਮਪੁਰ ਗੋਰਾ, ਬਾਊਪੁਰ ਜਦੀਦ ਅਤੇ ਭੀਦ ਕਦੀਮ ਵਿਖੇ ਘਰਾਂ ਵਿੱਚ ਰਾਸ਼ਨ ਪਹੁੰਚਾਉਣ ਲਈ ਵਿਆਪਕ ਯੋਜਨਾ ਬੰਦੀ ਕੀਤੀ ਗਈ ਏ । ਲੋੜ ਪੈਣ ਤੇ ਲੋਕ ਕੰਟਰੋਲ ਰੂਮ ਨੰਬਰ 01822 -231-990 'ਤੇ ਸੰਪਰਕ ਕਰ ਸਕਦੇ ਨੇ ਨੰਬਰ ਇੱਕ ਵਾਰ ਫਿਰ ਸੁਣ ਲਓ 01822 -231-990ਉਧਰ ਹੋਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨਾਲ ਰੜਾਂ ਮੰਡ, ਪਿੰਡ ਅਬਦੁੱਲਾ-ਪੁਰ ਅਤੇ ਬਿਆਸ ਦਰਿਆ ਕਿਨਾਰੇ ਬਣੇ ਧੁਸੀ ਬਨ ਦਾ ਜਾਇਜ਼ਾ ਲਿਆ ਤੇ ਸੰਬੰਧਿਤ ਵਿਭਾਗਾਂ ਨੂੰ ਹਰ ਪੱਧਰ ਤੇ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ । ਉਹਨਾਂ ਕਿਹਾ ਕਿ ਪੌਂਗ ਡੈਮ ਤੋਂ ਨਿਰੰਤਰ ਪਾਣੀ ਛੱਡਿਆ ਜਾ ਰਿਹਾ, ਜਿਸ ਤੇ ਪ੍ਰਸ਼ਾਸਨ ਦੀ ਨਿਰੰਤਰ ਨਜ਼ਰ ਰੱਖੀ ਹੋਈ ਏ । ਸ਼੍ਰੀਮਤੀ ਜੈਨ ਨੇ ਦੱਸਿਆ ਕਿ ਮੁੱਖ

*ਮੰਤਰੀ ਨੇ ਵੀ ਜ਼ਿਲ੍ਹੇ ਦੀ ਸਥਿਤੀ ਬਾਰੇ ਪੂਰੀ ਜਾਣਕਾਰੀ ਲਈ ਏ ਅਤੇ ਹਰ ਸੰਭਵ ਸਹਾਇਤਾ ਮੁਹਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਨੇ। ਕਿਸੇ ਵੀ ਅਣਸੁਖਾਵੀ ਘਟਨਾ ਦੇ ਮੱਦੇ ਨਜ਼ਰ ਹੁਸ਼ਿਆਰਪੁਰ ਦੇ ਕੰਟਰੋਲ ਰੂਮ ਨੰਬਰ ਸਿਫਰ 01882 -220-412 ਤੇ ਸੰਪਰਕ ਕੀਤਾ ਜਾ ਸਕਦਾ ਏ । ਗੁਰਦਾਸਪੁਰ ਵਿੱਚ ਰਾਵੀ ਅਤੇ ਬਿਆਸ ਨਦੀਆਂ ਵਿੱਚ ਪਾਣੀ ਹਾਲੇ ਕਾਬੂ ਹੇਠ ਏ । ਮੌਸਮ ਵਿਭਾਗ ਨੇ ਅੱਜ ਤੋਂ 17 ਅਗਸਤ ਤੱਕ ਸੂਬੇ ਦੇ ਬਹੁਤ ਸਾਰੇ ਇਲਾਕਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਜਦਕਿ ਪਠਾਨਕੋਟ ਹੁਸ਼ਿਆਰਪੁਰ ਰੂਪਨਗਰ ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਪਟਿਆਲਾ, ਸੰਗਰੂਰ ਸਮੇਤ ਕੁਝ ਹੋਰ ਜ਼ਿਲ੍ਹਿਆਂ ਵਿੱਚ ਦਰਮਿਆਨੀ ਤੋਂ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ ।*

------------------------------------------------

ਹੁਣ ਖਬਰਾਂ ਵਿਸਥਾਰ ਨਾਲ.....

- ਰਾਸ਼ਟਰਪਤੀ ਦ੍ਰੋਪਦੀ ਮੁਰਮੂ 79ਵੇਂ ਆਜ਼ਾਦੀ ਦਿਵਸ ਤੋਂ ਇਕ ਸ਼ਾਮ ਪਹਿਲਾਂ ਅੱਜ ਰਾਸ਼ਟਰ ਨੂੰ ਸੰਬੋਧਨ ਕਰਨਗੇ-ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਿੱਲੀ ਦੇ ਪ੍ਰਸਿੱਧ ਲਾਲ ਕਿਲ੍ਹੇ ਤੋਂ ਕੱਲ ਆਜ਼ਾਦੀ ਦਿਵਸ ਦੀ ਰਹਿਨੁਮਾਈ ਕਰਨਗੇ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੱਲ ਆਜਾਦੀ ਦਿਹਾੜੇ ਮੌਕੇ ਫਰੀਦਕੋਟ ਵਿਖੇ ਹੋਣ ਵਾਲੇ ਸੂਬਾ ਪੱਧਰੀ ਸਮਾਗਮ ਦੌਰਾਨ ਕੌਮੀ ਝੰਡਾ ਲਹਿਰਾਉਣਗੇ।
- ਫੌਜ ਮੁਖੀ, ਜਨਰਲ ਉਪੇਂਦਰ ਦਿਵੇਦੀ ਨੇ ਅੱਜ ਬਠਿੰਡਾ ਫੌਜੀ ਛਾਉਣੀ ਦਾ ਦੌਰਾ ਕਰਦਿਆਂ ਮੌਜੂਦਾ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ।
- ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਪੰਜਾਬ ਵਿੱਚ ਸੁਰੱਖਿਆ ਵਧਾਈ ਗਈ- ਪੰਜਾਬ ਪੁਲਿਸ ਮੁੱਖੀ ਵਲੋਂ ਸਾਰੀਆਂ ਫੀਲਡ ਯੂਨਿਟਾਂ ਨੂੰ ਹਾਈ ਅਲਰਟ 'ਤੇ ਰਹਿਣ ਦੇ ਨਿਰਦੇਸ਼।
- ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਪੁਰਸਕਾਰਾਂ ਲਈ, ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਨਾਵਾਂ ਦਾ ਐਲਾਨ - ਪੰਜਾਬ ਪੁਲਿਸ ਮੁੱਖੀ ਨੇ ਪੁਰਸਕਾਰ ਜੇਤੂਆਂ ਨੂੰ ਦਿੱਤੀ ਵਧਾਈ।

  ਅਤੇ
- ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਵੱਧਣ ਨਾਲ ਕਪੂਰਥਲਾ ਦੇ ਮੰਡ ਖੇਤਰ ਵਿਚ ਕਈ ਪਿੰਡ ਪ੍ਰਭਾਵਿਤ - ਹੋਸ਼ਿਆਰਪੁਰ ਵਿਚ ਵੀ ਪ੍ਰਸ਼ਾਸਨ ਚੌਕਸ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇ ਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**